# ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ:2


ਲੋਕ ਨਿਰਮਾਣ ਵਿਭਾਗ (ਭ ਤੇ ਮ) ਸ਼ਾਖਾ, ਬਠਿੰਡਾ।

email: - xenc2bti@gmail.com

ਫੋਨ ਅਤੇ ਫੈਕਸ: 0164-2212428


ਮੀਮੋਂ ਨੰ:.....963.....

ਮਿਤੀ: 23/05/24

ਵੱਲ

ਪ੍ਰਿੰਸੀਪਲ
'ਦ ਸੰਸਕਾਰ ਸਕੂਲ,
ਤਲਵੰਡੀ ਸਾਬੋ।

**ਵਿਸ਼ਾ** ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ (ਸਾਲ 2024-25)

**ਹਵਾਲਾ** ਆਪ ਦਾ ਪੱਤਰ ਨੰ. -140 ਮਿਤੀ 31.03.2024 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਅਤੇ ਹਵਾਲੇ ਅਧੀਨ ਪੱਤਰ ਰਾਹੀਂ ਆਪ ਵੱਲੋਂ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2024-25 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦੇ ਸਕੂਲ ਦੀ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣ ਅਤੇ ਸ਼ਰਤਾਂ ਅਧੀਨ ਸਾਲ 2024-25 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2025 ਤੱਕ ਜਾਰੀ ਕੀਤਾ ਜਾਂਦਾ ਹੈ:-

1 ਸਕੂਲ ਕੋਲ ਕਿਸੇ ਅਣਸੁਖਾਵੀ ਘਟਨਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।

2 ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।

3 ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।

4 ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਸਰਟੀਫਿਕੇਟ, ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।

5 ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੇ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।

6 Next Architects, Mansa ਵੱਲੋਂ ਪੱਤਰ NA-80/24 ਮਿਤੀ 27.04.2024 ਨੂੰ ਸਟਰਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2024-25 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ. ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।

7 ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿਚ ਐਮਰਜੈਂਸੀ ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।

8 ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ. ਨੰ: 1744907 ਰਾਹੀਂ ਦਸ ਹਜ਼ਾਰ ਰੁਪਏ ( 10,000/-)ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 10.12.2024 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇਂ ਸੀਮਾ ਅੰਦਰ ਫਾਇਰ ਸੇਫਟੀ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜ਼ਿੰਮੇਵਾਰ ਹੋਵੇਗਾ।

9 ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 10.12.2024 ਤੱਕ ਵੈਲਿਡ ਹੈ। ਜੇਕਰ ਸਕੂਲ ਪ੍ਰਬੰਧਨ ਵੱਲੋਂ ਫਾਇਰ ਸੇਫਟੀ ਸਰਟੀਫਿਕੇਟ ਮਿਤੀ 31.03.2025 ਤੱਕ ਲਈ ਰੀਨਿਊ ਕਰਵਾ ਲਿਆ ਜਾਂਦਾ ਹੈ ਤਾਂ ਬਿਲਡਿੰਗ ਸੇਫਟੀ ਸਰਟੀਫਿਕੇਟ ( ਬਿਨਾਂ ਦੁਬਾਰਾ ਇੰਸਪੈਕਸ਼ਨ ਫੀਸ ਜਮ੍ਹਾਂ ਕਰਵਾਏ) ਮਿਤੀ: 31.03.2025 ਤੱਕ ਵੈਲਿਡ ਮੰਨਿਆ ਜਾਵੇਗਾ।

ਕਾਰਜਕਾਰੀ ਇੰਜੀਨੀਅਰ
ਉਸਾਰੀ ਮੰਡਲ ਨੰ:2 ਭਤੇਮ ਸ਼ਾਖਾ
ਬਠਿੰਡਾ।

ਪਿੱਠ ਅੰਕਣ:-....................

ਮਿਤੀ:-......................

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰ.4 ਭ ਤੇ ਮ ਸ਼ਾਖਾ ਤਲਵੰਡੀ ਸਾਬੋ ਨੂੰ ਉਹਨਾਂ ਦੇ ਪੱਤਰ ਨੰ. 66 ਮਿਤੀ 16.05.2024 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

-ਸਹੀ-
ਕਾਰਜਕਾਰੀ ਇੰਜੀਨੀਅਰ
ਉਸਾਰੀ ਮੰਡਲ ਨੰ:2 ਭਤੇਮ ਸ਼ਾਖਾ
ਬਠਿੰਡਾ।

Principal
The Sanskaar School
Talwandi Sabo

(Punjabi to English Translation)

# Executive Engineer, Construction Board No:2

Public Works Department (B&M) Branch Bathinda.

e-mail: xenc2bti@omall.com
Phone and Fax: 0164-2212428
Date: 23/05/24

Memo No: 963
To
The Principal
The Sanskaar School
Talwandi Sabo

NOTARY
SARBJIT SINGH
ADVOCATE
TALWANDI SABO
Reg. No. 14824
Valid upto:
25-09-2024
GOVT. OF INDIA

*Subject Regarding Issuance of Building Safety Certificate (Session 2024-25)*
Reference with respect to your letter no. 140 dated 31.03.2024 it has been received by you at this office to obtain the building safety certificate for the year 2024-25 of the school building under the above subject and reference. A visual inspection of your school building has been done by the office of the Sub Divisional Engineer and as per their report/recommendation the School Building Safety Certificate for the year 2024-25 is issued up to 31.03.2025 subject to the following terms and conditions: -

1. The school should have a plan to deal with an untoward incident, including the safe evacuation of children from the building during an emergency and a plan to coordinate with the concerned department. The school should regularly review and update this plan to ensure its effectiveness.
2. If any addition, alteration, extension or modification is required to be made by the school in this building, immediate inspection should be arranged by this office and the safety certificate thereof should be obtained again from this office after completion of that part.
3. If the walls, foundations and roofs of the building collapse due to natural calamity or any other reason, then the school should immediately inform this office about the condition of the building and the building should be put into use only after conducting an inspection.
4. Fire safety certificate, electrical safety certificate should be obtained separately from the concerned department.
5. The school management is responsible for repairing the building keeping the safety of the school building in mind. Despite this report, the school management is responsible for the security of the building in all respects.
6. Letter NA-80/24 dated 27.04.2024 from Next Architects, Mansa has given Structure Safety Certificate and as per their certificate the school is safe for use for session 2024-25, but this school is not constructed by this department. Therefore, the safety of the school structure especially from the earthquake point of view cannot be ensured by this department.
7. The school must provide staff members with appropriate safety training, including procedures for handling emergency first aid and evacuation protocols.
8. According to the covered area of the school, G.R. Received ten thousand rupees (10,000/-) as building inspection fee through No: 1744907. The fire safety certificate of the school is valid till 10.12.2024 and the school management will be responsible for renewing the fire safety certificate within the time limit.
9. This report is not valid for legal purpose.

The fire safety certificate of the school is valid till 10.12.2024. If the fire safety certificate is renewed by the school management upto 31.03.2025, then the building safety certificate (without re-submission of inspection fee) will be considered valid till 31.03.2025.

Executive Engineer
Construction Division No:2
Bhutom Branch
Bathinda

Attested to be True Translation from : Punjabi To : English

NOTARY
SARBJIT SINGH
ADVOCATE
TALWANDI SABO

Copy of the above to the Sub Divisional Engineer, Provincial Sub Division No.4 B and M Branch Talwandi Sabo vide *his letter no. 66 dated 16.05.2024, it is written that building safety certificate is issued to the said school keeping your recommendation in mind.*

Executive Engineer
Construction Division No:2
Bhutom Branch
Bathinda

ATTESTED

SARBJIT SINGH
Advocate & Notary
TALWANDI SABO
14/6/2024

Principal
The Sanskaar School
Talwandi Sabo